ਰਾਗੁ ਵਡਹੰਸੁ ਮਹਲਾ ੫ ਛੰਤ ਘਰੁ ੪ ੧ੴ ਸਤਿਗੁਰ ਪ੍ਰਸਾਦਿ ॥ ਗੁਰ ਮਿਲਿ ਲਧਾ ਜੀ ਰਾਮੁ ਪਿਆਰਾ ਰਾਮ ॥ ਇਹੁ ਤਨੁ ਮਨੁ ਦਿਤੜਾ ਵਾਰੋ ਵਾਰਾ ਰਾਮ ॥ ਤਨੁ ਮਨੁ ਦਿਤਾ ਭਵਜਲੁ ਜਿਤਾ ਚੂਕੀ ਕਾਂਣਿ ਜਮਾਣੀ ॥ ਅਸਥਿਰੁ ਥੀਆ ਅੰਮ੍ਰਿਤੁ ਪੀਆ ਰਹਿਆ ਆਵਣ ਜਾਣੀ ॥ ਸੋ ਘਰੁ ਲਧਾ ਸਹਜਿ ਸਮਧਾ ਹਰਿ ਕਾ ਨਾਮੁ ਅਧਾਰਾ ॥ ਕਹੁ ਨਾਨਕ ਸੁਖਿ ਮਾਣੇ ਰਲੀਆਂ ਗੁਰ ਪੂਰੇ ਕੰਉ ਨਮਸਕਾਰਾ ॥੧॥

ਪਦਅਰਥ:- ਗੁਰ ਮਿਲਿ—ਗੁਰੂ ਨੂੰ ਮਿਲ ਕੇ। ਲਧਾ—ਲੱਭਦਾ ਹੈ। ਜੀ—ਹੇ ਭਾਈ! ਵਾਰੋ ਵਾਰਾ—ਵਾਰ ਵਾਰ ਕੇ, ਸਦਕੇ ਕਰ ਕੇ। ਭਵਜਲੁ—ਸੰਸਾਰ-ਸਮੁੰਦਰ। ਚੂਕੀ—ਮੁੱਕ ਜਾਂਦੀ ਹੈ। ਕਾਂਣਿ—ਮੁਥਾਜੀ। ਜਮਾਣੀ—ਜਮਾਂ ਦੀ। ਅਸਥਿਰੁ—ਅਡੋਲ-ਚਿੱਤ। ਅੰਮ੍ਰਿਤੁ—ਆਤਮਕ ਜੀਵਨ ਦੇਣ ਵਾਲਾ ਨਾਮ-ਜਲ। ਰਹਿਆ—ਮੁੱਕ ਗਿਆ। ਸਹਜਿ—ਆਤਮਕ ਅਡੋਲਤਾ ਵਿਚ। ਸਮਧਾ—ਸਮਾ ਗਿਆ, ਲੀਨਤਾ ਹੋ ਗਈ। ਅਧਾਰਾ—ਆਸਰਾ। ਸੁਖਿ—ਆਨੰਦ ਨਾਲ। ਰਲੀਆਂ—ਖ਼ੁਸ਼ੀਆਂ। ਕੰਉ—ਨੂੰ।1।

ਅਰਥ:- ਹੇ ਭਾਈ! ਗੁਰੂ ਨੂੰ ਮਿਲ ਕੇ (ਹੀ) ਪਿਆਰਾ ਪ੍ਰਭੂ ਲੱਭਦਾ ਹੈ, (ਜਿਸ ਨੂੰ ਗੁਰੂ ਦੀ ਰਾਹੀਂ ਪ੍ਰਭੂ ਲੱਭ ਪੈਂਦਾ ਹੈ, ਉਹ) ਆਪਣਾ ਇਹ ਸਰੀਰ ਇਹ ਮਨ (ਗੁਰੂ ਦੇ) ਹਵਾਲੇ ਕਰਦਾ ਹੈ। ਜੇਹੜਾ ਮਨੁੱਖ ਆਪਣਾ ਤਨ ਮਨ ਗੁਰੂ ਦੇ ਹਵਾਲੇ ਕਰਦਾ ਹੈ, ਉਹ ਸੰਸਾਰ-ਸਮੁੰਦਰ ਨੂੰ ਜਿੱਤ ਲੈਂਦਾ ਹੈ, ਉਸ ਦੀ ਜਮਾਂ ਦੀ ਮੁਥਾਜੀ ਮੁੱਕ ਜਾਂਦੀ ਹੈ ਉਹ ਮਨੁੱਖ ਆਤਮਕ ਜੀਵਨ ਦੇਣ ਵਾਲਾ ਨਾਮ-ਜਲ (ਗੁਰੂ ਪਾਸੋਂ ਲੈ ਕੇ) ਪੀਂਦਾ ਹੈ, ਤੇ, ਅਡੋਲ-ਚਿੱਤ ਹੋ ਜਾਂਦਾ ਹੈ, ਉਸ ਦਾ ਜਨਮ ਮਰਨ ਦਾ ਗੇੜ ਮੁੱਕ ਜਾਂਦਾ ਹੈ। ਉਸ ਮਨੁੱਖ ਨੂੰ ਉਹ ਘਰ (ਪ੍ਰਭੂ ਦੇ ਚਰਨਾਂ ਵਿਚ ਟਿਕਾਣਾ) ਮਿਲ ਜਾਂਦਾ ਹੈ (ਜਿਸ ਦੀ ਬਰਕਤਿ ਨਾਲ) ਉਹ ਆਤਮਕ ਅਡੋਲਤਾ ਵਿਚ ਲੀਨ ਰਹਿੰਦਾ ਹੈ, ਪਰਮਾਤਮਾ ਦਾ ਨਾਮ (ਉਸ ਦੀ ਜ਼ਿੰਦਗੀ ਦਾ) ਆਸਰਾ ਬਣ ਜਾਂਦਾ ਹੈ। ਹੇ ਨਾਨਕ! ਆਖ—ਉਹ ਮਨੁੱਖ ਸੁਖ ਵਿਚ ਰਹਿ ਕੇ ਆਤਮਕ ਖ਼ੁਸ਼ੀਆਂ ਮਾਣਦਾ ਹੈ (ਇਹ ਸਾਰੀ ਬਰਕਤਿ ਗੁਰੂ ਦੀ ਹੀ ਹੈ) ਪੂਰੇ ਗੁਰੂ ਨੂੰ (ਸਦਾ) ਨਮਸਕਾਰ ਕਰਨੀ ਚਾਹੀਦੀ ਹੈ।1।

ਸੁਣਿ ਸਜਣ ਜੀ ਮੈਡੜੇ ਮੀਤਾ ਰਾਮ ॥ ਗੁਰਿ ਮੰਤ੍ਰੁ ਸਬਦੁ ਸਚੁ ਦੀਤਾ ਰਾਮ ॥ ਸਚੁ ਸਬਦੁ ਧਿਆਇਆ ਮੰਗਲੁ ਗਾਇਆ ਚੂਕੇ ਮਨਹੁ ਅਦੇਸਾ ॥ ਸੋ ਪ੍ਰਭੁ ਪਾਇਆ ਕਤਹਿ ਨ ਜਾਇਆ ਸਦਾ ਸਦਾ ਸੰਗਿ ਬੈਸਾ ॥ ਪ੍ਰਭ ਜੀ ਭਾਣਾ ਸਚਾ ਮਾਣਾ ਪ੍ਰਭਿ ਹਰਿ ਧਨੁ ਸਹਜੇ ਦੀਤਾ ॥ ਕਹੁ ਨਾਨਕ ਤਿਸੁ ਜਨ ਬਲਿਹਾਰੀ ਤੇਰਾ ਦਾਨੁ ਸਭਨੀ ਹੈ ਲੀਤਾ ॥੨॥ {ਪੰਨਾ 576}

ਪਦਅਰਥ:- ਸਜਣ—ਹੇ ਸੱਜਣ! ਮੈਡੜੇ—ਮੇਰੇ। ਗੁਰਿ—ਗੁਰੂ ਨੇ। ਸਬਦੁ ਸਚੁ—ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਵਾਲਾ ਸ਼ਬਦ। ਮੰਗਲੁ—ਸਿਫ਼ਤਿ-ਸਾਲਾਹ ਦਾ ਗੀਤ। ਮਨਹੁ—ਮਨ ਤੋਂ। ਅਦੇਸਾ—ਚਿੰਤਾ-ਫ਼ਿਕਰ। ਕਤਹਿ—ਕਿਸੇ ਭੀ ਹੋਰ ਥਾਂ। ਸੰਗਿ—(ਪ੍ਰਭੂ ਦੇ) ਨਾਲ। ਬੈਸਾ—ਬੈਠਾ ਰਹਿੰਦਾ ਹੈ, ਟਿਕਿਆ ਰਹਿੰਦਾ ਹੈ। ਪ੍ਰਭ ਭਾਣਾ—ਪ੍ਰਭੂ ਨੂੰ ਪਿਆਰਾ ਲੱਗਦਾ ਹੈ। ਪ੍ਰਭਿ—ਪ੍ਰਭੂ ਨੇ। ਸਹਜੇ—ਆਤਮਕ ਅਡੋਲਤਾ ਵਿਚ (ਟਿਕਾ ਕੇ)। ਬਲਿਹਾਰੀ—ਸਦਕੇ। ਸਭਨੀ—ਹੋਰ ਸਭ ਜੀਵਾਂ ਨੇ।1।

ਅਰਥ:- ਹੇ ਮੇਰੇ ਸੱਜਣ! ਹੇ ਮੇਰੇ ਮਿੱਤਰ! ਸੁਣ, (ਕਿਸੇ ਭਾਗਾਂ ਵਾਲੇ ਮਨੁੱਖ ਨੂੰ) ਗੁਰੂ ਨੇ ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਵਾਲਾ ਸ਼ਬਦ-ਮੰਤ੍ਰ ਦਿੱਤਾ ਹੈ। ਜੇਹੜਾ ਮਨੁੱਖ ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਵਾਲੇ ਸ਼ਬਦ ਨੂੰ ਸਦਾ ਹਿਰਦੇ ਵਿਚ ਵਸਾਂਦਾ ਹੈ, ਜੇਹੜਾ ਮਨੁੱਖ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦਾ ਗੀਤ (ਸਦਾ) ਗਾਂਦਾ ਹੈ, ਉਸ ਦੇ ਮਨ ਤੋਂ ਚਿੰਤਾ-ਫ਼ਿਕਰ ਲਹਿ ਜਾਂਦੇ ਹਨ, ਉਹ ਮਨੁੱਖ ਪਰਮਾਤਮਾ ਦਾ ਮਿਲਾਪ ਹਾਸਲ ਕਰ ਲੈਂਦਾ ਹੈ, (ਪ੍ਰਭੂ ਨੂੰ ਛੱਡ ਕੇ) ਕਿਸੇ ਹੋਰ ਥਾਂ ਉਹ ਨਹੀਂ ਭਟਕਦਾ ਉਹ ਸਦਾ ਹੀ ਪ੍ਰਭੂ-ਚਰਨਾਂ ਵਿਚ ਲੀਨ ਰਹਿੰਦਾ ਹੈ। ਉਹ ਮਨੁੱਖ ਪ੍ਰਭੂ ਨੂੰ (ਸਦਾ) ਪਿਆਰਾ ਲੱਗਦਾ ਹੈ, ਸਦਾ-ਥਿਰ ਪ੍ਰਭੂ ਦਾ ਹੀ ਉਸ ਨੂੰ ਮਾਣ-ਆਸਰਾ ਰਹਿੰਦਾ ਹੈ, ਪਰਮਾਤਮਾ ਨੇ ਉਸ ਨੂੰ

ਆਤਮਕ ਅਡੋਲਤਾ ਵਿਚ ਟਿਕਾ ਕੇ ਆਪਣਾ ਨਾਮ-ਧਨ ਬਖ਼ਸ਼ ਦਿੱਤਾ ਹੈ। ਹੇ ਨਾਨਕ! ਆਖ—(ਹੇ ਪ੍ਰਭੂ!) ਮੈਂ ਉਸ ਸੇਵਕ ਤੋਂ ਸਦਕੇ ਜਾਂਦਾ ਹਾਂ, ਤੇਰੇ ਨਾਮ ਦੀ ਦਾਤਿ ਉਸ ਪਾਸੋਂ ਸਭ ਜੀਵ ਲੈਂਦੇ ਹਨ।2।

**ਤਉ ਭਾਣਾ ਤਾਂ ਤ੍ਰਿਪਤਿ ਅਘਾਏ ਰਾਮ ॥ ਮਨੁ ਥੀਆ ਠੰਢਾ ਸਭ ਤ੍ਰਿਸਨ ਬੁਝਾਏ ਰਾਮ ॥ ਮਨੁ ਥੀਆ ਠੰਢਾ ਚੂਕੀ ਡੰਝਾ ਪਾਇਆ ਬਹੁਤੁ ਖਜਾਨਾ ॥ ਸਿਖ ਸੇਵਕ ਸਭਿ ਭੁੰਚਣ ਲਗੇ ਹੰਉ ਸਤਗੁਰ ਕੈ ਕੁਰਬਾਨਾ ॥ ਨਿਰਭਉ ਭਏ ਖਸਮ ਰੰਗਿ ਰਾਤੇ ਜਮ ਕੀ ਤ੍ਰਾਸ ਬੁਝਾਏ ॥ ਨਾਨਕ ਦਾਸੁ ਸਦਾ ਸੰਗਿ ਸੇਵਕੁ ਤੇਰੀ ਭਗਤਿ ਕਰੰਉ ਲਿਵ ਲਾਏ ॥੩॥** {ਪੰਨਾ 577}

ਪਦਅਰਥ:- ਭਉ ਭਾਣਾ—(ਜੇ) ਤੈਨੂੰ ਚੰਗਾ ਲੱਗੇ, ਜੇ ਤੇਰੀ ਰਜ਼ਾ ਹੋਵੇ। ਅਘਾਏ—ਰੱਜ ਜਾਂਦਾ ਹੈ। ਠੰਢਾ—ਸ਼ਾਂਤ। ਤ੍ਰਿਸਨ—ਮਾਇਆ ਦੀ ਪਿਆਸ। ਡੰਝਾ—ਭੜਕੀ, ਕਦੇ ਨਾਹ ਮੁੱਕਣ ਵਾਲੀ ਪਿਆਸ। ਸਭਿ—ਸਾਰੇ। ਭੁੰਚਣ ਲਗੇ—ਖਾਣ ਲੱਗ ਪੈਂਦੇ ਹਨ। ਹੰਉ—ਮੈਂ। ਕੈ ਕੁਰਬਾਨਾ—ਤੋਂ ਸਦਕੇ। ਰੰਗਿ—ਪ੍ਰੇਮ-ਰੰਗ ਵਿਚ। ਰਾਤੇ—ਰੰਗੇ ਜਾਂਦੇ ਹਨ। ਤ੍ਰਾਸ—ਸਹਜ, ਡਰ। ਸੰਗਿ—ਨਾਲ। ਕਰੰਉ—ਮੈਂ ਕਰਾਂ। ਲਾਏ—ਲਾਇ, ਲਾ ਕੇ।3।

ਅਰਥ:- ਹੇ ਪ੍ਰਭੂ! ਮੈਂ ਗੁਰੂ ਤੋਂ ਸਦਕੇ ਜਾਂਦਾ ਹਾਂ। ਜੇ ਤੇਰੀ ਰਜ਼ਾ ਹੋਵੇ ਤਾਂ (ਗੁਰੂ ਦੀ ਸਰਨ ਪੈ ਕੇ ਜੀਵ ਮਾਇਆ ਦੀ ਭੁੱਖ ਵਲੋਂ) ਪੂਰੇ ਤੌਰ ਤੇ ਰੱਜ ਜਾਂਦਾ ਹੈ। (ਜੇਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ, ਉਸ ਦਾ) ਮਨ ਸ਼ਾਂਤ ਹੋ ਜਾਂਦਾ ਹੈ, ਕਦੇ ਨਾਹ ਮੁੱਕਣ ਵਾਲੀ ਮਾਇਆ ਦੀ ਪਿਆਸ (ਉਸ ਦੇ ਅੰਦਰੋਂ) ਬੁੱਝ ਜਾਂਦੀ ਹੈ (ਗੁਰੂ ਦੀ ਰਾਹੀਂ ਉਹ) (ਵੱਡਾ ਨਾਮ-) ਖ਼ਜ਼ਾਨਾ ਪ੍ਰਾਪਤ ਕਰ ਲੈਂਦਾ ਹੈ। (ਜੇਹੜੇ ਭੀ ਗੁਰੂ ਦੀ ਸਰਨ ਆਉਂਦੇ ਹਨ, ਉਹ) ਸਾਰੇ ਸਿੱਖ ਸੇਵਕ ਨਾਮ-ਖ਼ਜ਼ਾਨੇ ਨੂੰ ਵਰਤਣ ਲੱਗ ਪੈਂਦੇ ਹਨ। (ਗੁਰੂ ਦੀ ਸਰਨ ਪੈਣ ਵਾਲੇ ਮਨੁੱਖ ਦੁਨੀਆ ਦੇ ਸਹਮਾਂ ਵਲੋਂ) ਨਿਡਰ ਹੋ ਜਾਂਦੇ ਹਨ, ਪ੍ਰਭੂ-ਪਤੀ ਦੇ ਪ੍ਰੇਮ-ਰੰਗ ਵਿਚ ਰੰਗੇ ਜਾਂਦੇ ਹਨ, ਜਮਾਂ ਦਾ ਸਹਮ ਮਿਟਾ ਲੈਂਦੇ ਹਨ। ਹੇ ਨਾਨਕ! (ਆਖ—ਹੇ ਪ੍ਰਭੂ! ਮੇਹਰ ਕਰ, ਮੈਂ) ਦਾਸ ਸਦਾ (ਗੁਰੂ ਦੇ) ਚਰਨਾਂ ਵਿਚ ਟਿਕਿਆ ਰਹਾਂ, (ਗੁਰੂ ਦਾ) ਸੇਵਕ ਬਣਿਆ ਰਹਾਂ, ਤੇ, ਸੁਰਤਿ ਜੋੜ ਕੇ ਤੇਰੀ ਭਗਤੀ ਕਰਦਾ ਰਹਾਂ।3।

**ਪੂਰੀ ਆਸਾ ਜੀ ਮਨਸਾ ਮੇਰੇ ਰਾਮ ॥ ਮੋਹਿ ਨਿਰਗੁਣ ਜੀਉ ਸਭਿ ਗੁਣ ਤੇਰੇ ਰਾਮ ॥ ਸਭਿ ਗੁਣ ਤੇਰੇ ਠਾਕੁਰ ਮੇਰੇ ਕਿਤੁ ਮੁਖਿ ਤੁਧੁ ਸਾਲਾਹੀ ॥ ਗੁਣੁ ਅਵਗੁਣੁ ਮੇਰਾ ਕਿਛੁ ਨ ਬੀਚਾਰਿਆ ਬਖਸਿ ਲੀਆ ਖਿਨ ਮਾਹੀ ॥ ਨਉ ਨਿਧਿ ਪਾ ਈ ਵਜੀ ਵਾਧਾਈ ਵਾਜੇ ਅਨਹਦ ਤੂਰੇ ॥ ਕਹੁ ਨਾਨਕ ਮੈ ਵਰੁ ਘਰਿ ਪਾਇਆ ਮੇਰੇ ਲਾਥੇ ਜੀ ਸਗਲ ਵਿਸੂਰੇ ॥੪॥੧॥** {ਪੰਨਾ 577}

ਪਦਅਰਥ:- ਜੀ—ਹੇ ਪ੍ਰਭੂ ਜੀ! ਮਨਸਾ—ਮਨ ਦੀ ਕਾਮਨਾ {mnl—w}। ਮੋਹਿ—ਮੈਂ। ਜੀਉ—ਹੇ ਪ੍ਰਭੂ ਜੀ! ਸਭਿ—ਸਾਰੇ। ਠਾਕੁਰ ਮੇਰੇ—ਹੇ ਠਾਕੁਰ! ਕਿਤੁ—ਕਿਸ ਦੀ ਰਾਹੀਂ? ਮੁਖਿ—ਮੂੰਹ ਨਾਲ। ਕਿਤੁ ਮੁਖਿ—ਕਿਸ ਮੂੰਹ ਨਾਲ? ਸਾਲਾਹੀ—ਸਾਲਾਹੀਂ, ਮੈਂ ਉਸਤਤਿ ਕਰਾਂ। ਖਿਨ ਮਾਹੀ—ਇਕ ਛਿਨ ਵਿਚ। ਨਉ ਨਿਧਿ—(ਦੁਨੀਆ ਦੇ ਸਾਰੇ ਹੀ) ਨੌ ਖ਼ਜ਼ਾਨੇ। ਵਾਜੇ—ਵੱਜ ਪਏ ਹਨ। ਅਨਹਦ—ਇਕ-ਰਸ, ਬਿਨਾ ਵਜਾਇਆਂ। ਤੂਰੇ—ਵਾਜੇ। ਘਰਿ—ਹਿਰਦੇ-ਘਰ ਵਿਚ। ਵਿਸੂਰੇ—ਝੋਰੇ।4।

ਅਰਥ:- ਹੇ ਪ੍ਰਭੂ ਜੀ! (ਤੇਰੀ ਮੇਹਰ ਨਾਲ ਮੇਰੀ ਹਰੇਕ) ਆਸ ਤੇ ਕਾਮਨਾ ਪੂਰੀ ਹੋ ਗਈ ਹੈ। ਹੇ ਪ੍ਰਭੂ ਜੀ! ਮੈਂ ਗੁਣ-ਹੀਨ ਸਾਂ (ਮੇਰੇ ਅੰਦਰ ਕੋਈ ਭੀ ਗੁਣ ਨਹੀਂ ਸੀ) ਤੇਰੇ ਅੰਦਰ ਸਾਰੇ ਹੀ ਗੁਣ ਹਨ। ਹੇ ਮੇਰੇ ਮਾਲਕ! ਤੇਰੇ ਅੰਦਰ ਸਾਰੇ ਹੀ ਗੁਣ ਹਨ। ਮੈਂ ਕਿਸ ਮੂੰਹ ਨਾਲ ਤੇਰੀ ਵਡਿਆਈ ਕਰਾਂ? ਤੂੰ ਮੇਰਾ ਕੋਈ ਔਗੁਣ ਨਹੀਂ ਵਿਚਾਰਿਆ, ਤੂੰ ਮੇਰਾ ਕੋਈ ਗੁਣ ਨਹੀਂ ਤੱਕਿਆ, ਤੇ, ਇਕ ਛਿਨ ਵਿਚ ਹੀ ਤੂੰ ਮੇਰੇ ਉਤੇ ਮੇਹਰ ਕਰ ਦਿੱਤੀ। (ਤੇਰੀ ਮੇਹਰ ਨਾਲ ਮੈਂ, ਮਾਨੋ,) ਸਾਰੇ ਹੀ ਨੌ ਖ਼ਜ਼ਾਨੇ ਹਾਸਲ ਕਰ ਲਏ ਹਨ, ਮੇਰੇ ਅੰਦਰ ਆਤਮਕ ਆਨੰਦ ਦੀ ਚੜ੍ਹਦੀ ਕਲਾ ਬਣ ਗਈ ਹੈ ਮੇਰੇ ਅੰਦਰ ਆਤਮਕ ਆਨੰਦ ਦੇ ਇਕ-ਰਸ ਵਾਜੇ ਵੱਜਣ ਲੱਗ ਪਏ ਹਨ।

ਹੇ ਨਾਨਕ! (ਆਖ—) ਹੇ ਪ੍ਰਭੂ ਜੀ! ਮੈਂ (ਤੈਨੂੰ) ਖਸਮ ਨੂੰ ਆਪਣੇ ਹਿਰਦੇ-ਘਰ ਵਿਚ ਹੀ ਲੱਭ ਲਿਆ ਹੈ, ਮੇਰੇ ਸਾਰੇ ਹੀ ਚਿੰਤਾ-ਫ਼ਿਕਰ ਲਹਿ ਗਏ ਹਨ।4।1।